**ਪੰਜਾਬ ਸਰਕਾਰ**

**ਸਕੂਲ ਸਿੱਖਿਆ ਵਿਭਾਗ**

ਸੇਵਾ ਵਿਖੇ

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.)
ਸਮੂਹ ਸਰਕਾਰੀ ਸੀਨੀ. ਸੈਕੰ. ਸਕੂਲ
ਅਤੇ ਸਰਕਾਰੀ ਹਾਈ ਸਕੂਲਾਂ ਦੇ ਮੁਖੀ।

ਮੀਮੋ ਨੰ: 15/24-2020 10/ਸਸਣ/2020292614
ਮਿਤੀ: 19-11-2020

ਵਿਸ਼ਾ:- **ਮਿਤੀ 30.09.2020 ਨੂੰ ਹੋਈਆਂ ਸੇਵਾ-ਨਵਿਰਤੀਆਂ ਨੂੰ ਮੁੱਖ ਰੱਖਦਿਆਂ ਹੋਇਆਂ ਅਧਿਆਪਕਾਂ ਦੀਆਂ ਤਾਇਨਾਤੀਆਂ ਬਾਰੇ।**

1.0 ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ ਮਿਤੀ 17.11.2020 ਨੂੰ ਵੀਡੀਓ ਕਾਨਫਰੰਸ ਰਾਹੀਂ ਹੋਈ ਮੀਟਿੰਗ ਵੱਲ ਧਿਆਨ ਦੇਣ ਦੀ ਖੇਚਲ ਕਰਨ।

2.0 ਜ਼ਿਲ੍ਹਾ ਸਿੱਖਿਆ ਅਫ਼ਸਰਾਂ ਵੱਲੋਂ ਇਹ ਸੁਝਾਅ ਦਿੱਤਾ ਗਿਆ ਹੈ ਕਿ ਮਿਤੀ 30.09.2020 ਨੂੰ ਬਹੁਤ ਸਾਰੇ ਅਧਿਆਪਕ ਸੇਵਾ-ਨਵਿਰਤ ਹੋਏ ਹਨ, ਜਿਸਦੇ ਨਤੀਜੇ ਵਜੋਂ ਸੀਨੀਅਰ ਸੈਕੰਡਰੀ ਅਤੇ ਹਾਈ ਸਕੂਲਾਂ ਵਿੱਚ ਅਧਿਆਪਕਾਂ ਦੀ ਕਮੀ ਮਹਿਸੂਸ ਕੀਤੀ ਜਾ ਰਹੀ ਹੈ। ਜ਼ਿਲ੍ਹਾ ਸਿੱਖਿਆ ਅਫ਼ਸਰਾਂ ਵੱਲੋਂ ਇਹ ਵੀ ਦੱਸਿਆ ਗਿਆ ਹੈ ਕਿ ਹਾਲ ਦੀ ਘੜੀ ਮਿਡਲ ਸਕੂਲ ਕੋਵਿਡ-19 ਕਾਰਨ ਬੰਦ ਹਨ ਅਤੇ ਮਿਡਲ ਸਕੂਲਾਂ ਵਿੱਚ ਤਾਇਨਾਤ ਅਧਿਆਪਕਾਂ ਦੀਆਂ ਸੇਵਾਵਾਂ ਸਬੰਧਤ ਡੀ.ਡੀ.ਓ. ਦੁਆਰਾ ਲਈਆਂ ਜਾ ਸਕਦੀਆਂ ਹਨ।

3.0 ਜ਼ਿਲ੍ਹਾ ਸਿੱਖਿਆ ਅਫ਼ਸਰਾਂ ਦੁਆਰਾ ਦਿੱਤੇ ਸੁਝਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਹੋਇਆਂ ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰਾਂ ਅਤੇ ਸੀਨੀਅਰ ਸੈਕੰਡਰੀ ਅਤੇ ਹਾਈ ਸਕੂਲਾਂ ਦੇ ਮੁਖੀਆਂ ਨੂੰ ਲਿਖਿਆ ਜਾਂਦਾ ਹੈ ਕਿ ਜਿੱਥੇ ਕਿਤੇ ਲੋੜ ਹੋਵੇ ਉਹ ਆਪਣੇ ਅਧੀਨ ਮਿਡਲ ਸਕੂਲਾਂ ਵਿੱਚ ਕੰਮ ਕਰਨ ਵਾਲੇ ਅਧਿਆਪਕਾਂ ਦੀਆਂ ਸੇਵਾਵਾਂ ਲੈ ਸਕਦੇ ਹਨ।

**ਸਕੱਤਰ ਸਕੂਲ ਸਿੱਖਿਆ**